# ਮੁਫਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ, ਨਿਯਮ 2011

**ਫਾਰਮ-II**

**(ਵੇਖੋ ਉਪ ਨਿਯਮ (4) ਨਿਯਮ 11)**

ਗਰਾਮ :
ਟੈਲੀਫੋਨ : 01639-500461
ਈ.ਮੇਲ/ਫੈਕਸ ਨੰ: dpofaridkot@yahoo.com

**ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ (ਐ:ਸਿੱ:), ਫਰੀਦਕੋਟ**

ਨੰ : ਐੱਸ.ਐੱਸ.ਏ.-ਆਰ.ਟੀ.ਈ.-2016-17/8428 ਮਿਤੀ : 9.3.2017

ਵੱਲ

ਮੈਨੇਜਰ,
ਗੁਰੂ ਗੋਬਿੰਦ ਪਬਲਿਕ ਸਕੂਲ,
ਗੰਗਸਰ ਜੈਤੋ (ਬਲਾਕ ਜੈਤੋ)

ਵਿਸ਼ਾ : **ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮ 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ, 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।**

ਸ੍ਰੀਮਾਨ ਜੀ/ਸ੍ਰੀਮਤੀ ਜੀ,

ਆਪ ਦੀ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ **ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਗੰਗਸਰ ਜੈਤੋ** ਨੂੰ ਜਮਾਤ ਪਹਿਲੀ ਤੋਂ **ਅੱਠਵੀਂ** ਤੱਕ ਮਿਤੀ **1.4.2016** ਤੋਂ **31.3.2019** ਤੱਕ ਆਰਜੀ ਮਾਨਤਾ ਦਿੱਤੀ ਜਾਂਦੀ ਹੈ। ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ 2009 ਤਹਿਤ ਹੇਠ ਲਿਖੀਆਂ ਸ਼ਰਤਾਂ ਦੀ ਪੂਰਤੀ ਜਰੂਰੀ ਹੈ :-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਕਿ ਇਹ **ਅੱਠਵੀਂ** ਜਮਾਤ ਤੋਂ ਅੱਗੇ ਦੀ ਮਾਨਤਾ/ਸਬੰਧਕਰਨ ਲਈ ਲਾਜਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ 2009 (ਸਾਰਣੀ-1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ 2011 (ਸਾਰਣੀ-11) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ, ਜਮ੍ਹਾਂ ਵਿੱਚ ਜੋ ਵੀ ਲਾਗੂ ਹੋਵੇ), ਜਮਾਤ ਦੀ ਕੁੱਲ ਸੰਖਿਆ ਦਾ 25 ਪ੍ਰਤੀਸ਼ਤ ਕਮਜੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜਮੀ ਮੁੱਢਲੀ ਸਿੱਖਿਆ ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀ ਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੇ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

(i) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿੱਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸਦੀ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

(ii) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਕੀਤੀ ਜਾਵੇਗੀ।

(iii) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।

(iv) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਦਿੱਤੇ ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

(v) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ਅਪੰਗ ਵਿਦਿਆਰਥੀਆਂ ਦੀ ਸਮੂਲੀਅਤ।

(vi) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਤੋਂ ਲਾਗੂ ਹੋਣ ਸਮੇਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਨਹੀਂ ਕਰਦੇ, ਪੰਜ ਸਾਲ ਦੇ ਅੰਦਰ-2 ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ।

(vii) ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।

ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।
ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ :-

| | |
|---|---|
| ਸਕੂਲ ਕੈਂਪਸ ਦਾ ਖੇਤਰ | 10 ਏਕੜ |
| ਕੁੱਲ ਇਮਾਰਤ ਅਧੀਨ ਖੇਤਰ | 35257 ਵਰਗ ਫੁੱਟ |
| ਖੇਡ ਦੇ ਮੈਦਾਨ ਦਾ ਖੇਤਰ | 217800 ਵਰਗ ਫੁੱਟ |
| ਕਲਾਸ ਦੇ ਕਮਰਿਆਂ ਦੀ ਗਿਣਤੀ | 29 |
| ਮੁੱਖ ਅਧਿਆਪਕ ਲਈ ਦਫਤਰ-ਕਮ-ਸਟੋਰ ਦਾ ਕਮਰਾ | ਹੈ |
| ਮੁੰਡੇ ਅਤੇ ਕੁੜੀਆਂ ਲਈ ਵੱਖਰੇ-ਵੱਖਰੇ ਪਖਾਨੇ | ਹਨ |
| ਪੀਣ ਦੇ ਪਾਣੀ ਦੀ ਸਹੂਲਤ | ਆਰ.ਓ. ਹੈ |
| ਦੁਪਹਿਰ ਦਾ ਖਾਣਾ ਪਕਾਉਣ ਦੀ ਸਹੂਲਤ | ਹੈ |
| ਬਿਨ੍ਹਾਂ ਰੁਕਾਵਟ ਪਹੁੰਚ | ਹੈ |
| ਪੜਾਉਣ, ਸਿੱਖਣ ਦਾ ਸਮਾਨ/ਖੇਡਾਂ ਦਾ ਸਮਾਨ/ਲਾਇਬ੍ਰੇਰੀ | ਹੈ |

ਸਕੂਲ ਦੇ ਇਸੇ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।
ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।
ਸਕੂਲ ਦੁਆਰਾ ਹਰ ਸੈਸ਼ਨ ਦੇ ਸ਼ੁਰੂ ਵਿੱਚ ਫਾਇਰ ਸੇਫਟੀ ਅਤੇ ਬਿਲਡਿੰਗ ਸੇਫਟੀ ਸਰਟੀਫਿਕੇਟ ਨਿਮਨ ਹਸਤਾਖਰੀ ਪਾਸ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ।
ਸਕੂਲ ਸੋਸਾਇਟੀ ਰਜਿਸਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੋਸਾਇਟੀ ਦੁਆਰਾ ਜਾਂ ਸਮੇਂ-2 ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।
ਸਕੂਲ ਕਿਸੇ ਨਿੱਜੀ, ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ ਹੈ।
ਲੇਖੇ ਕਿਸੇ ਪ੍ਰਮਾਨਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਧਿਕਾਰੀ ਨੂੰ ਭੇਜੀ ਜਾਵੇਗੀ।
ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ***ਐੱਸ.ਐੱਸ.ਏ.-ਆਰ.ਟੀ.ਈ.-2016-17/8428*** ਹੈ, ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਦੇ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।
ਸਕੂਲ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ-2 ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮ-ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ, ਦੀ ਪਾਲਣਾ ਕਰੇਗਾ।
ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।
ਸਵੈ-ਘੋਸ਼ਣਾ ਪੱਤਰ/ਅੰਡਰਟੇਕਿੰਗ ਅਨੁਸਾਰ ਆਪ ਵੱਲੋਂ ਸਾਰੀਆਂ ਸ਼ਰਤਾਂ ਪੂਰੀਆਂ ਕਰ ਲਈਆਂ ਗਈਆਂ ਹਨ। ਜੇਕਰ ਆਪ ਵੱਲੋਂ ਦਿੱਤਾ ਗਿਆ ਸਵੈ-ਘੋਸ਼ਣਾ ਪੱਤਰ/ਅੰਡਰਟੇਕਿੰਗ ਕਿਸੇ ਵੀ ਸਮੇਂ ਗਲਤ ਪਾਇਆ ਜਾਂਦਾ ਹੈ ਤਾਂ ਆਪ ਵਿਰੁੱਧ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਅਧਿਕਾਰ ਨਿਯਮ 2011 ਅਧੀਨ ਬਣਦੀ ਯੋਗ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

**ਜਿਲ੍ਹਾ ਸਿੱਖਿਆ ਅਫਸਰ (ਐ:ਸਿੱ:),**
**ਫਰੀਦਕੋਟ**

SED-EDU301/114/2023-3EDU3

I/732379/2023 (1)

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

1. ਡਾਇਰੈਕਟਰ ਸਕੂਲ ਸਿੱਖਿਆ (ਐ.ਸਿ.), ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਪੰਜਾਬ।

ਮਿਤੀ, ਚੰਡੀਗੜ੍ਹ: 29|11|23

ਵਿਸ਼ਾ: ਆਰ.ਟੀ.ਈ. ਐਕਟ ਅਧੀਨ ਮਾਨਤਾ ਦੇਣ ਸਬੰਧੀ।

ਉਪਰਕੋਤ ਵਿਸ਼ੇ ਤੇ ਸਰਕਾਰ ਦੇ ਹੁਕਮ ਨੰ. SED-EDU301/114/2022-3EDU3/645126 ਮਿਤੀ 19.09.2023 ਦੇ ਹਵਾਲੇ ਵਿੱਚ।

2. ਵਿਸ਼ਾ ਅੰਕਿਤ ਮਾਮਲੇ ਸਬੰਧੀ ਆਪ ਨੂੰ ਲਿੱਖਿਆ ਜਾਂਦਾ ਹੈ ਕਿ ਜਿਹੜੇ ਪ੍ਰਾਈਵੇਟ ਸਕੂਲਾਂ ਨੂੰ ਆਰ.ਟੀ.ਈ. ਅਕੈਟ ਅਤੇ ਪੰਜਾਬ ਆਰ.ਟੀ.ਈ. ਰੂਲਜ਼, 2011 ਤਹਿਤ ਆਰਜੀ ਮਾਨਤਾ ਜਾਰੀ ਕੀਤੀ ਹੋਈ ਹੈ, ਉਸ ਮਾਨਤਾ ਨੂੰ ਪੱਕੀ ਮਾਨਤਾ ਸਮਝਿਆ ਜਾਵੇ।

3. ਇਹ ਵੀ ਲਿੱਖਿਆ ਜਾਂਦਾ ਹੈ ਕਿ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਜਾਂ ਉੱਪ-ਜਿਲ੍ਹਾ ਸਿੱਖਿਆ ਅਫਸਰ ਪ੍ਰਾਈਵੇਟ ਸਕੂਲਾਂ ਦਾ ਨਿਯਮਤ ਨਿਰੀਖਣ ਸਮੇਂ ਸਿਰ ਕਰਨਗੇ ਅਤੇ ਆਰ.ਟੀ.ਈ. ਐਕਟ ਦੀ ਪਾਲਣਾ ਕਰਨ ਸਬੰਧੀ ਸਰਕਾਰ ਨੂੰ ਰਿਪੋਰਟ ਭੇਜਣੀ ਯਕੀਨੀ ਬਣਾਉਣਗੇ।

29.11.23

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ